ਨਟ ਮਹਲਾ ੪ ॥ ਮੇਰੇ ਮਨ ਜਪਿ ਹਰਿ ਹਰਿ ਰਾਮ ਰੰਗੇ ॥ ਹਰਿ ਹਰਿ ਕ੍ਰਿਪਾ ਕਰੀ ਜਗਦੀਸੁਰਿ ਹਰਿ ਧਿਆਇਓ ਜਨ ਪਗਿ ਲਗੇ ॥ ੧॥ ਰਹਾਉ ॥ ਜਨਮ ਜਨਮ ਕੇ ਭੂਲ ਚੂਕ ਹਮ ਅਬ ਆਏ ਪ੍ਰਭ ਸਰਨਗੇ ॥ ਤੁਮ ਸਰਣਾਗਤਿ ਪ੍ਰਤਿਪਾਲਕ ਸੁਆਮੀ ਹਮ ਰਾਖਹੁ ਵਡ ਪਾਪਗੇ ॥ ੧॥ ਤੁਮਰੀ ਸੰਗਤਿ ਹਰਿ ਕੋ ਕੋ ਨ ਉਧਰਿਓ ਪ੍ਰਭ ਕੀਏ ਪਤਿਤ ਪਵਗੇ ॥ ਗੁਨ ਗਾਵਤ ਛੀਪਾ ਦੁਸ ਟਾਰਿਓ ਪ੍ਰਭਿ ਰਾਖੀ ਪੈਜ ਜਨਗੇ ॥੨॥ ਜੋ ਤੁਮਰੇ ਗੁਨ ਗਾਵਹਿ ਸੁਆਮੀ ਹਉ ਬਲਿ ਬਲਿ ਬਲਿ ਤਿਨਗੇ ॥ ਭਵਨ ਭਵਨ ਪਵਿਤ੍ਰ ਸਭਿ ਕੀਏ ਜਹ ਧੂਰਿ ਪਰੀ ਜਨ ਪਗੇ ॥੩॥ ਤੁਮਰੇ ਗੁਨ ਪ੍ਰਭ ਕਹਿ ਨ ਸਕਹਿ ਹਮ ਤੁਮ ਵਡ ਵਡ ਪੁਰਖ ਵਡਗੇ ॥ ਜਨ ਨਾਨਕ ਕਉ ਦਇਆ ਪ੍ਰਭ ਧਾਰਹੁ ਹਮ ਸੇਵਹ ਤੁਮ ਜਨ ਪਗੇ ॥ ੪॥੪॥
{ਪੰਨਾ 976}

ਪਦਅਰਥ:- ਮਨ—ਹੇ ਮਨ! ਰੰਗੇ—ਰੰਗਿ, ਪ੍ਰੇਮ ਨਾਲ। ਜਗਦੀਸੁਰਿ—ਜਗਦੀਸੁਰ ਨੇ, ਜਗਤ ਦੇ ਈਸ਼੍ਵਰ ਨੇ। ਜਨ ਪਗਿ—ਸੰਤ ਜਨਾਂ ਦੇ ਚਰਨ ਵਿਚ, ਸੰਤ ਜਨਾਂ ਦੀ ਸਰਨ ਵਿਚ। ਲਗੇ—ਲਗਿ, ਲੱਗ ਕੇ, ਪੈ ਕੇ।1। ਰਹਾਉ।

ਭੂਲ ਚੂਕ—ਭੁੱਲਾਂ ਚੁੱਕਾਂ, ਗ਼ਲਤੀਆਂ। ਪ੍ਰਭ—ਹੇ ਪ੍ਰਭੂ! ਸਰਣਾਗਤਿ ਪ੍ਰਤਿਪਾਲਕ—ਸਰਨ ਪਿਆਂ ਦੀ ਪਾਲਨਾ ਕਰਨ ਵਾਲੇ। ਹਮ ਵਡ ਪਾਪਗੇ—ਸਾਨੂੰ ਵੱਡੇ ਪਾਪੀਆਂ ਨੂੰ।1।

ਕੋ ਕੋ ਨ—ਕੌਣ ਕੌਣ ਨਹੀਂ? ਸਾਰੇ ਹੀ। ਪ੍ਰਭ—ਹੇ ਪ੍ਰਭੂ! ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ। ਪਵਗੇ—ਪਵਿੱਤਰ। ਛੀਪਾ—ਜਾਤਿ ਦਾ ਛੀਂਬਾ ਨਾਮਦੇਵ। ਦੁਸਟਾਰਿਓ—ਦੁਸ਼ਟ ਆਖ ਕੇ ਦੁਰਕਾਰਿਆ। ਪ੍ਰਭਿ—ਪ੍ਰਭੂ ਨੇ। ਪੈਜ—ਲਾਜ, ਇੱਜ਼ਤ। ਜਨਗੇ—(ਆਪਣੇ) ਦਾਸ ਦੀ।2।

ਗਾਵਹਿ—ਗਾਂਦੇ ਹਨ {ਬਹੁ-ਵਚਨ}। ਹਉ—ਮੈਂ। ਬਲਿ—ਸਦਕੇ। ਤਿਨਗੇ—ਉਹਨਾਂ ਤੋਂ। ਭਵਨ—ਘਰ। ਸਭਿ—ਸਾਰੇ। ਜਹ—ਜਿੱਥੇ। ਧੂਰਿ ਜਨ ਪਗੇ—ਸੰਤ ਜਨਾਂ ਦੇ ਪੈਰਾਂ ਦੀ ਧੂੜ।3।

ਕਉ—ਨੂੰ। ਪ੍ਰਭ—ਹੇ ਪ੍ਰਭੂ! ਸੇਵਹ—ਅਸੀਂ ਸੇਵਾ ਕਰੀਏ {ਵਰਤਮਾਨ ਕਾਲ ਉੱਤਮ ਪੁਰਖ, ਬਹੁ-ਵਚਨ}। ਤੁਮ ਜਨ ਪਗੇ—ਤੇਰੇ ਜਨਾਂ ਦੇ ਚਰਨ।4।

ਅਰਥ:- ਹੇ ਮੇਰੇ ਮਨ! ਪਿਆਰ ਨਾਲ ਪਰਮਾਤਮਾ ਦਾ ਨਾਮ ਜਪਿਆ ਕਰ। ਹੇ ਮਨ! ਜਿਸ ਮਨੁੱਖ ਉਤੇ ਜਗਤ ਦੇ ਮਾਲਕ ਪ੍ਰਭੂ ਨੇ ਕਿਰਪਾ ਕੀਤੀ, ਉਸ ਨੇ ਸੰਤ ਜਨਾਂ ਦੀ ਚਰਨੀਂ ਲੱਗ ਕੇ ਉਸ ਪ੍ਰਭੂ ਦਾ ਸਿਮਰਨ ਕੀਤਾ ਹੈ।1। ਰਹਾਉ।

ਹੇ ਪ੍ਰਭੂ! ਅਸੀਂ ਅਨੇਕਾਂ ਜਨਮਾਂ ਤੋਂ ਗ਼ਲਤੀਆਂ ਕਰਦੇ ਆ ਰਹੇ ਹਾਂ, ਹੁਣ ਅਸੀਂ ਤੇਰੀ ਸਰਨ ਆਏ ਹਾਂ। ਹੇ ਸੁਆਮੀ! ਤੂੰ ਸਰਨ ਪਿਆਂ ਦੀ ਪਾਲਣਾ ਕਰਨ ਵਾਲਾ ਹੈਂ, ਅਸਾਡੀ ਪਾਪੀਆਂ ਦੀ ਭੀ ਰੱਖਿਆ ਕਰ।1।

ਹੇ ਪ੍ਰਭੂ! ਜਿਹੜਾ ਭੀ ਤੇਰੀ ਸੰਗਤਿ ਵਿਚ ਆਇਆ, ਉਹੀ (ਪਾਪਾਂ ਵਿਕਾਰਾਂ ਤੋਂ) ਬਚ ਨਿਕਲਿਆ, ਤੂੰ ਪਾਪਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰਨ ਵਾਲਾ ਹੈਂ। (ਹੇ ਭਾਈ!) ਪ੍ਰਭੂ ਦੇ ਗੁਣ ਗਾ ਰਹੇ (ਨਾਮਦੇਵ) ਛੀਂਬੇ ਨੂੰ (ਬ੍ਰਾਹਮਣਾਂ ਨੇ) ਦੁਸ਼ਟ ਦੁਸ਼ਟ ਆਖ ਕੇ ਦੁਰਕਾਰਿਆ, ਪਰ ਪ੍ਰਭੂ ਨੇ ਆਪਣੇ ਸੇਵਕ ਦੀ ਇੱਜ਼ਤ ਰੱਖ ਲਈ।2।

ਹੇ ਸੁਆਮੀ! ਜਿਹੜੇ ਭੀ ਮਨੁੱਖ ਤੇਰੇ ਗੁਣ ਗਾਂਦੇ ਹਨ, ਮੈਂ ਉਹਨਾਂ ਤੋਂ ਸਦਕੇ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ। ਹੇ ਪ੍ਰਭੂ! ਜਿੱਥੇ ਜਿੱਥੇ ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਲੱਗ ਗਈ, ਤੂੰ ਉਹ ਸਾਰੇ ਥਾਂ ਪਵਿੱਤਰ ਕਰ ਦਿੱਤੇ।3।

ਹੇ ਪ੍ਰਭੂ! ਤੂੰ ਵੱਡਾ ਹੈਂ, ਤੂੰ ਬਹੁਤ ਵੱਡਾ ਅਕਾਲ ਪੁਰਖ ਹੈਂ, ਅਸੀਂ ਜੀਵ ਤੇਰੇ ਗੁਣ ਬਿਆਨ ਨਹੀਂ ਕਰ ਸਕਦੇ। ਹੇ ਪ੍ਰਭੂ! ਆਪਣੇ ਸੇਵਕ ਨਾਨਕ ਉਤੇ ਮਿਹਰ ਕਰ, ਤਾਂ ਕਿ ਮੈਂ ਭੀ ਤੇਰੇ ਸੇਵਕਾਂ ਦੇ ਚਰਨਾਂ ਦੀ ਸੇਵਾ ਕਰ ਸਕਾਂ।4। 4।